# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-02-2025**

ਗਿਆਨੇਸ਼ ਕੁਮਾਰ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਮੁੱਖ ਚੋਣ ਕਮਿਸ਼ਨਰ ਵਜੋਂ ਕਾਰਜਭਾਰ ਸੰਭਾਲਿਆ । ਉਨਾਂ ਰਾਜੀਵ ਕੁਮਾਰ ਦੀ ਥਾਂ ਇਸ ਅਹੁਦਾ ਸੰਭਾਲਿਆ ਏ । ਮੁੱਖ ਚੋਣ ਕਮਿਸ਼ਨਰ ਦਾ ਅਹੁਦਾ ਸੰਭਾਲਣ ਤੋਂ ਬਾਅਦ ਆਪਣੇ ਸੰਦੇਸ਼ ਵਿੱਚ ਸ਼੍ਰੀ ਕੁਮਾਰ ਨੇ ਕਿਹਾ ।BYTE - ਇਸ ਤੋਂ ਪਹਿਲਾਂ ਸ੍ਰੀ ਕੁਮਾਰ 15 ਮਾਰਚ, 2024 ਤੋਂ ਚੋਣ ਕਮਿਸ਼ਨਰ ਵਜੋਂ ਸੇਵਾ ਨਿਭਾ ਰਹੇ ਸਨ। ਚੋਣ ਕਮਿਸ਼ਨਰ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ, 18ਵੀਂ ਲੋਕ ਸਭਾ ਅਤੇ ਜੰਮੂ-ਕਸ਼ਮੀਰ, ਹਰਿਆਣਾ, ਮਹਾਰਾਸ਼ਟਰ, ਝਾਰਖੰਡ ਅਤੇ ਦਿੱਲੀ ਦੀਆਂ ਵਿਧਾਨ ਸਭਾਵਾਂ ਲਈ ਚੋਣਾਂ ਹੋਈਆਂ ਸਨ। ਕੇਰਲ ਕਾਡਰ ਦੇ 1988 ਬੈਚ ਦੇ ਭਾਰਤੀ ਪ੍ਰਸ਼ਾਸਨਿਕ ਸੇਵਾ ਅਧਿਕਾਰੀ ਗਿਆਨੇਸ਼ ਕੁਮਾਰ ਨੂੰ ਕੇਂਦਰ ਅਤੇ ਸੂਬਾ ਸਰਕਾਰਾਂ ਦੋਵਾਂ ਵਿੱਚ ਕੰਮ ਕਰਨ ਦਾ ਤਜਰਬਾ ਏ । ਉਨ੍ਹਾਂ ਨੇ ਸੰਸਦੀ ਮਾਮਲਿਆਂ

ਦੇ ਮੰਤਰਾਲੇ ਅਤੇ ਸਹਿਕਾਰਤਾ ਮੰਤਰਾਲੇ ਵਿੱਚ ਸਕੱਤਰ ਵਜੋਂ ਵੀ ਕੰਮ ਕੀਤਾ ਏ।

---------------------------------------------------------------------------

ਪੰਜਾਬ ਵਿੱਚ, ਨਿਊਜ਼ੀਲੈਂਡ ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਪਸ਼ੂ ਪਾਲਣ ਦੇ ਖੇਤਰ ਵਿੱਚ ਸੰਭਾਵੀ ਸਹਿਯੋਗ ਦੀ ਖੋਜ ਕਰਨ ਲਈ ਚੰਡੀਗੜ੍ਹ ਵਿੱਚ ਪਸ਼ੂ ਪਾਲਣ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਰਾਹੁਲ ਭੰਡਾਰੀ ਨਾਲ ਮੁਲਾਕਾਤ ਕੀਤੀ । ਇਹ ਚਰਚਾ ਪਸ਼ੂਆਂ ਦੇ ਪ੍ਰਜਨਨ, ਡੇਅਰੀ ਪ੍ਰਣਾਲੀਆਂ, ਅਤੇ ਦੁੱਧ ਦੀ ਪੈਦਾਵਾਰ ਨੂੰ ਬਿਹਤਰ ਬਣਾਉਣ ਲਈ ਨਿਰੰਤਰ ਜੈਨੇਟਿਕ ਪ੍ਰਗਤੀ ਨੂੰ ਪ੍ਰਾਪਤ ਕਰਨ 'ਤੇ ਕੇਂਦਰਿਤ ਰਹੀ । ਮੀਟਿੰਗ ਦੌਰਾਨ ਸ੍ਰੀ ਭੰਡਾਰੀ ਨੇ ਜੁਲਾਈ 2013 ਵਿੱਚ ਸ਼ੁਰੂ ਕੀਤੀ ਰਾਸ਼ਟਰੀ ਡੇਅਰੀ ਯੋਜਨਾ ਬਾਰੇ ਜਾਣਕਾਰੀ ਦਿੱਤੀ ਅਤੇ ਵਫ਼ਦ ਨੂੰ ਪੰਜਾਬ ਵਿੱਚ ਇਸ ਦੀਆਂ ਚੱਲ ਰਹੀਆਂ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ। ਇਹ ਯੋਜਨਾ ਮੌਜੂਦਾ ਸਮੇਂ ਵਿੱਚ ਪਟਿਆਲਾ, ਸੰਗਰੂਰ ਅਤੇ ਬਰਨਾਲਾ ਜ਼ਿਲ੍ਹਿਆਂ ਵਿੱਚ 160 ਸੰਸਥਾਵਾਂ ਵਿੱਚ ਲਾਗੂ ਕੀਤੀ ਜਾ ਰਹੀ ਏ , ਜਿਸ ਵਿੱਚ ਹੁਣ ਤੱਕ ਮਹੱਤਵਪੂਰਨ ਪ੍ਰਗਤੀ ਹੋਈ ਏ। ਉਨ੍ਹਾਂ

ਨੇ ਸੂਬੇ ਵਿੱਚ ਦੁੱਧ ਦੇ ਉਤਪਾਦਨ ਅਤੇ ਗੁਣਵੱਤਾ ਨੂੰ ਹੋਰ ਉਤਸ਼ਾਹਿਤ ਕਰਨ ਲਈ ਉੱਚ-ਗੁਣਵੱਤਾ ਵਾਲੇ ਬਲਦਾਂ ਦੀ ਖਰੀਦ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਇਸ ਤੋਂ ਇਲਾਵਾ, ਵਫ਼ਦ ਨੇ ਸਥਾਨਕ ਕਿਸਾਨਾਂ ਨਾਲ ਪ੍ਰਬੰਧਨ ਅਭਿਆਸਾਂ 'ਤੇ ਚਰਚਾ ਕੀਤੀ, ਅਤੇ ਮੁਰਾ ਪ੍ਰੋਜੇਨੀ ਟੈਸਟਿੰਗ ਪ੍ਰੋਜੈਕਟ ਦੀ ਸਫਲਤਾ ਨੂੰ ਦੇਖਿਆ।

---

ਪੰਜਾਬ ਦੇ ਸੁਤੰਤਰਤਾ ਸੈਨਾਨੀਆਂ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ, ਮਹਿੰਦਰ ਭਗਤ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਏ ਕਿ ਸੁਤੰਤਰਤਾ ਸੈਨਾਨੀਆਂ, ਸਾਬਕਾ ਸੈਨਿਕਾਂ, ਵਿਧਵਾਵਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਭਲਾਈ ਸੂਬਾ ਸਰਕਾਰ ਦੀ ਪਹਿਲੀ ਤਰਜੀਹ ਏ। ਮੰਤਰੀ ਕੱਲ੍ਹ ਲੁਧਿਆਣਾ ਵਿਖੇ ਮਹਾਰਾਜਾ ਰਣਜੀਤ ਸਿੰਘ ਜੰਗੀ ਅਜਾਇਬ ਘਰ ਅਤੇ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਦੇ ਦੌਰੇ ਦੌਰਾਨ ਬੋਲ ਰਹੇ ਸਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਰਾਸ਼ਟਰ ਉਨ੍ਹਾਂ ਬਹਾਦਰਾਂ ਦਾ ਸਦਾ ਰਿਣੀ ਰਹੇਗਾ, ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਦੇਸ਼ ਆਜ਼ਾਦ ਹੋਇਆ। ਸ੍ਰੀ ਭਗਤ ਨੇ ਦੱਸਿਆ ਕਿ ਪੰਜਾਬ ਵਿੱਚ ਗਰੁੱਪ ਏ,

ਬੀ, ਸੀ ਅਤੇ ਡੀ ਦੀਆਂ ਅਸਾਮੀਆਂ ਵਿੱਚੋਂ, 13 ਫੀਸਦੀ ਅਸਾਮੀਆਂ ਸਾਬਕਾ ਸੈਨਿਕਾਂ ਲਈ ਰਾਖਵੀਆਂ ਨੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ, ਸੁਤੰਤਰਤਾ ਸੈਨਾਨੀਆਂ, ਸਾਬਕਾ ਫੌਜੀਆਂ ਅਤੇ ਵਿਧਵਾਵਾਂ ਦੀਆਂ ਚਿੰਤਾਵਾਂ ਨੂੰ, ਸਹੀ ਢੰਗ ਨਾਲ ਹੱਲ ਕਰਨਾ ਯਕੀਨੀ ਬਣਾਇਆ ਜਾਵੇ।

---------------------------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ 8ਵੀਂ ਅਤੇ 12ਵੀਂ ਦੀਆਂ ਪ੍ਰੀਖਿਆਵਾਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ। ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 8 ਲੱਖ 82 ਹਜ਼ਾਰ ਤੋਂ ਵੱਧ ਵਿਦਿਆਰਥੀ ਪ੍ਰੀਖਿਆਵਾਂ ਦੇਣਗੇ। ਸੁਚਾਰੂ ਪ੍ਰਬੰਧ ਨੂੰ ਯਕੀਨੀ ਬਣਾਉਂਦਿਆਂ ਬੋਰਡ ਨੇ ਇਨ੍ਹਾਂ ਇਮਤਿਹਾਨਾਂ ਲਈ ਸੂਬੇ ਭਰ ਵਿੱਚ 2579 ਪ੍ਰੀਖਿਆ ਕੇਂਦਰ ਸਥਾਪਤ ਕੀਤੇ ਗਏ ਨੇ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 8ਵੀਂ ਤੇ 12ਵੀਂ ਜਮਾਤ ਦੀ ਬੋਰਡ ਦੀ ਪ੍ਰੀਖਿਆ ਅਜੇ ਸ਼ੁਰੂ ਹੋ ਗਈ ਏ ਜਦਕਿ 10ਵੀਂ ਜਮਾਤ ਦੀ ਪ੍ਰੀਖਿਆ ਮਾਰਚ ਵਿੱਚ ਸ਼ੁਰੂ ਹੋਵੇਗੀ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਬੋਰਡ ਪ੍ਰੀਖਿਆਵਾਂ ਦੇ

ਸੁਚਾਰੂ ਅਤੇ ਨਿਰਪੱਖ ਸੰਚਾਲਨ ਨੂੰ ਯਕੀਨੀ ਬਣਾਉਣ ਲਈ 2 ਹਜ਼ਾਰ 579 ਸੁਪਰਡੈਂਟ ਅਤੇ 3 ਹਜ਼ਾਰ 269 ਡਿਪਟੀ ਸੁਪਰਡੈਂਟ ਤਾਇਨਾਤ ਕੀਤੇ ਗਏ ਹਨ। ਬੋਰਡ ਪ੍ਰੀਖਿਆਵਾਂ ਦੀ ਨਿਗਰਾਨੀ ਲਈ ਮੁੱਖ ਦਫ਼ਤਰ ਵਿਖੇ ਇੱਕ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਏ । ਸਕੂਲ ਸਿੱਖਿਆ ਮੰਤਰੀ ਨੇ ਸਾਰੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦੀਦਿਆਂ ਆਪਣੇ ਮਾਪਿਆਂ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ ਲਈ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਸਫ਼ਲ ਹੋਣ ਲਈ ਪੂਰੀ ਲਗਨ ਨਾਲ ਇੱਕ ਨਿਸ਼ਾਨਾ ਮਿੱਥ ਕੇ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

------------------------------------------------------------------------------------

ਅੱਜ ਮਹਾਨ ਮਰਾਠਾ ਯੋਧਾ-ਰਾਜਾ ਛਤਰਪਤੀ ਸ਼ਿਵਾਜੀ ਮਹਾਰਾਜ ਦੀ 395ਵੀਂ ਜੈਯੰਤੀ ਮਨਾਈ ਜਾ ਰਹੀ ਏ । ਇਸੇ ਦਿਨ 1630 ਵਿੱਚ ਮਹਾਰਾਸ਼ਟਰ ਦੇ ਪੁਣੇ ਜ਼ਿਲ੍ਹੇ ਦੇ ਸ਼ਿਵਨੇਰੀ ਕਿਲ੍ਹੇ ਵਿੱਚ ਜਨਮੇ, ਛਤਰਪਤੀ ਸ਼ਿਵਾਜੀ ਨੇ, ਮਰਾਠਾ ਸਾਮਰਾਜ ਦੀ ਨੀਂਹ ਰੱਖੀ ਅਤੇ ਮੁਗਲ ਸ਼ਾਸਨ ਨੂੰ ਚੁਣੌਤੀ ਦਿੱਤੀ। ਉਹ ਆਪਣੀ ਪ੍ਰਗਤੀਸ਼ੀਲ ਅਗਵਾਈ, ਫੌਜੀ

ਸੂਝ, ਬਹਾਦਰੀ, ਬੁੱਧੀ ਅਤੇ ਸਵਰਾਜ ਲਈ ਜਾਣੇ ਜਾਂਦੇ ਨੇ ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਛਤਰਪਤੀ ਸ਼ਿਵਾਜੀ ਮਹਾਰਾਜ ਨੂੰ, ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਛਤਰਪਤੀ ਸ਼ਿਵਾਜੀ ਦੀ ਬਹਾਦਰੀ ਅਤੇ ਦੂਰਦਰਸ਼ੀ ਅਗਵਾਈ ਨੇ ਸਵਰਾਜ ਦੀ ਬੁਨਿਆਦ ਰੱਖੀ ਅਤੇ ਪੀੜੀਆਂ ਨੂੰ ਸਾਹਸ ਅਤੇ ਨਿਆਂ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼ਿਵਾਜੀ ਮਹਾਰਾਜ, ਨਾਗਰਿਕਾਂ ਨੂੰ ਇੱਕ ਮਜ਼ਬੂਤ, ਆਤਮ-ਨਿਰਭਰ ਅਤੇ ਖੁਸ਼ਹਾਲ ਰਾਸ਼ਟਰ ਬਣਾਉਣ ਲਈ ਪ੍ਰੇਰਿਤ ਕਰਦੇ ਨੇ।

---

ਪੰਜਾਬ ਯੂਨੀਵਰਸਿਟੀ ਅਲੂਮਨੀ ਐਸੋਸੀਏਸ਼ਨ ਨੇ ਯੂਨੀਵਰਸਿਟੀ ਵਿਚ ਆਪਣਾ ਸਾਲਾਨਾ ਵਜ਼ੀਫ਼ਾ ਪੁਰਸਕਾਰ ਸਮਾਗਮ ਕਰਵਾਇਆ । ਪੁਡੂਚੇਰੀ ਦੇ ਸਾਬਕਾ ਉਪ ਰਾਜਪਾਲ ਅਤੇ ਪੰਜਾਬ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਡਾ. ਕਿਰਨ ਬੇਦੀ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਯੂਨੀਵਰਸਿਟੀ ਦੇ

ਵੱਖ-ਵੱਖ ਵਿਭਾਗਾਂ ਅਤੇ ਮਾਨਤਾ ਪ੍ਰਾਪਤ ਕਾਲਜਾਂ ਤੋਂ ਸਾਲ 2020-21 ਬੈਚ ਦੇ 164 ਹੋਣਹਾਰ ਵਿਦਿਆਰਥੀਆਂ ਦੀਆਂ ਅਕਾਦਮਿਕ ਪ੍ਰਾਪਤੀਆਂ ਨੂੰ ਮਾਨਤਾ ਦਿੰਦੇ ਹੋਏ, ਉਨਾਂ ਨੂੰ ਸਨਮਾਨਿਤ ਕੀਤਾ ਗਿਆ । ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਅਤੇ ਅਲੂਮਨੀ ਐਸੋਸੀਏਸ਼ਨ ਦੇ ਪ੍ਰਧਾਨ ਪ੍ਰੋ: ਰੇਣੂ ਵਿਗ ਨੇ ਕਿਹਾ ਕਿ ਵਜ਼ੀਫ਼ਿਆਂ ਦਾ ਉਦੇਸ਼ ਵਿੱਦਿਅਕ ਖੇਤਰ ਵਿੱਚ ਵਿਦਿਆਰਥੀਆਂ ਦੀ ਉੱਤਮਤਾ ਨੂੰ ਸਨਮਾਨਿਤ ਕਰਨਾ ਅਤੇ ਉਨ੍ਹਾਂ ਦੇ ਚੱਲ ਰਹੇ ਵਿਦਿਅਕ ਸਫ਼ਰ ਵਿੱਚ ਸਹਾਇਤਾ ਕਰਨਾ ਏ । ਡਾ: ਬੇਦੀ ਨੇ ਲੀਡਰਸ਼ਿਪ ਬਾਰੇ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ । ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਡਾ. ਕਿਰਨ ਬੇਦੀ ਨੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਅਤੇ ਯੂਨੀਵਰਸਿਟੀ ਵਿੱਚ ਆਪਣੇ ਸਮੇਂ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ।